## ***TRANSLATED VERSION***

Punjab Government
Education Department
(Education-3rd Branch)

To

1. Director School Education (Ele. Edu.),
2. All District Education Officers ( Sec.Edu./Ele.Edu.)
   Punjab.

Date: Chandigarh: 29/11/23

Subject: **Regarding recognition under R.T.E. Act.**

In reference to the Government Order No. SED-EDU301/114/2022 3EDU3/645126 dated 19.09.2023 on the above subject.

2. Regarding the subject matter, you are writing this that those who are private that the private schools which have been issued provisional recognition under the R.T.E. Act and Punjab R.T.E. Rules, 2011, should be considered as permanent recognition.
3. It is also written that the concerned District Education Officer or Deputy District Education Officer will conduct regular inspection of private schools in a timely manner and ensure that a report is sent to the government regarding compliance with R.T.E. Act.

30 APR 2025

Attested True Translation of the Document Produced
SUKHJIT KAUR
Notary Public
Dasuya (Hsp.) Pb. (India) 30/4/25

NOTARY ★ GOVT. OF INDIA ★ Mob. 9417071481 Sukhjit Kaur Dasuya Regd. No. 2780

Manager
S.M.C.
Jagat Jyoti Public School
Usman Shahid (Pb.)

Sd/-

**Special Secretary School Education**

Principal
Jagat Jyoti Public School
Usman Shahid (Hoshiarpur)

ਮੀਮੋ ਨੰ:ਜਸਅ/ਆਰ.ਟੀ.ਈ/2020/111 ਮਿਤੀ: 10.08.2020

ਮੈਨੇਜਰ/ਪ੍ਰਿੰਸੀਪਲ
ਜਗਤ ਜੋਤੀ ਪਬਲਿਕ ਸਕੂਲ, ਉਸਮਾਨ ਸ਼ਹੀਦ
ਬਲਾਕ ਦਸੂਹਾ-1

**ਵਿਸ਼ਾ: ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 ਦੇ ਨਿਯਮ 15 ਦੇ ਉਪ ਨਿਯਮ(4)ਅਧੀਨ,ਬੱਚਿਆ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ,2009 ਦੀ ਧਾਰ੍ਹਾ 18 ਦੇ ਮੰਤਵ ਲਈ ਸਕੂਲ ਦਾ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ।**

ਪਿਆਰੇ ਸ਼੍ਰੀ ਮਾਨ/ਸ਼੍ਰੀ ਮਤੀ ਜੀ

ਆਪਜੀ ਦੀ ਪ੍ਰਤੀ ਬੇਨਤੀ ਸਬੰਧੀ ਕੀਤੇ ਸਕੂਲ ਨਾਲ ਪੱਤਰ ਵਿਹਾਰ /ਪੜਤਾਲ ਦੇ ਹਵਾਲੇ ਵਿੱਚ ਮੈਂ ਜਗਤ ਜੋਤੀ ਪਬਲਿਕ ਸਕੂਲ, ਉਸਮਾਨ ਸ਼ਹੀਦ ਬਲਾਕ ਦਸੂਹਾ-1 ਯੂ-ਡਾਇਜ਼ ਕੋਡ 3050209505 ਨੂੰ **ਪਹਿਲੀਂ ਤੋਂ ਅਠਵੀਂ** ਜਮਾਤ ਤੱਕ 31 **ਮਾਰਚ,2023** ਦੇ ਸਮੇਂ ਲਈ ਮਾਨਤਾ ਭੇਜਦਾ ਹਾਂ।

ਉਪਰੋਕਤ ਮਾਨਤਾ ਹੇਠ ਦਿੱਤੀਆਂ ਸ਼ਰਤਾਂ ਦੇ ਆਧਾਰ ਤੇ ਹੈ:-

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀਂ ਹੈ ਅਤੇ ਕਿਸੇ ਵੀ ਹਾਲਤ ਵਿਚ ਇਸ ਦਾ ਮਤਲਬ ਇਹ ਨਹੀਂ ਲਿਆ ਜਾਣਾ ਚਾਹੀਦਾ ਕਿ ਇਹ ਅੱਠਵੀਂ ਜਮਾਤ ਤੋਂ ਅੱਗੇ ਦੀ ਮਾਨਤਾ ਲਈ ਲਾਜ਼ਮੀ ਹੈ।
2. ਸਕੂਲ ਬੱਚਿਆਂ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਅਤੇ ਬੱਚਿਆ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 ਦੇ ਉਪਬੰਧਾ ਦੀ ਪਾਲਣਾ ਕਰੇਗਾ ।
3. ਸਕੂਲ ਪਹਿਲੀ ਜਮਾਤ ਵਿੱਚ ਜਮਾਤ ਦੀ ਕੁੱਲ ਸੰਖਿਆ ਦਾ 25% ਪ੍ਰਤੀਸ਼ਤ, ਕਮਜ਼ੋਰ ਤਬਕੇ ਅਤੇ ਗੈਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ ਪਾਸ ਦੇ ਬੱਚਿਆਂ ਦਾ ਦਾਖਲਾ ਕਰੇਗਾ ਅਤੇ ਮੁਫ਼ਤ ਅਤੇ ਲਾਜ਼ਮੀ ਮੁੱਢਲੀ ਸਿੱਖਿਆ, ਇਸ ਦੇ ਪੂਰੇ ਹੋਣ ਤੱਕ ਪ੍ਰਦਾਨ ਕਰੇਗਾ।
4. ਸਕੂਲ ਨੂੰ ਪੈਰ੍ਹਾ 3 ਵਿਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰ੍ਹਾ 12 ਦੀ ਉਪ-ਧਾਰ੍ਹਾ (2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ । ਇਹ ਪ੍ਰਤੀ ਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।
5. ਸੰਸਥਾ/ਸਕੂਲ ਕੋਈ ਕੈਪੀਟੇਸ਼ਨ ਫ਼ੀਸ ਨਹੀਂ ਲਵੇਗਾ ਅਤੇ ਬੱਚੇ ਜਾਂ ਉਸ ਦੇ ਮਾਪਿਆਂ ਜਾਂ ਸਰਪ੍ਰਸਤਾਂ ਦੀ ਚੋਣ ਦੀ ਕੋਈ ਵਿਧੀ ਨਹੀਂ ਅਪਣਾਏਗਾ।
6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਦਾਖਲੇ ਤੋ ਇਨਕਾਰ ਨਹੀਂ ਕਰੇਗਾ ਅਤੇ ਐਕਟ ਦੀ ਧਾਰ੍ਹਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ । ਸਕੂਲ ਇਹ ਯਕੀਨੀ ਬਣਾਏਗਾ ਕਿ :-
   (1) ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਕਲਾਸ ਵਿੱਚ ਵਾਪਿਸ ਨਹੀਂ ਰੱਖਿਆ ਜਾਵੇਗਾ ਜਾਂ ਸਕੂਲ ਵਿੱਚੋਂ ਕੱਢਿਆ ਨਹੀਂ ਜਾਵੇਗਾ ਜਦੋਂ ਤੱਕ ਕਿ ਉਸ ਦੀ ਸਕੂਲ ਵਿੱਚ ਮੁੱਢਲੀ ਸਿੱਖਿਆ ਪੂਰੀ ਨਹੀਂ ਹੋ ਜਾਂਦੀ
   (2) ਕਿਸੇ ਵੀ ਬੱਚੇ ਨੂੰ ਸ਼ਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀਂ ਕੀਤੀ ਜਾਵੇਗੀ
   (3) ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਕਿਸੇ ਵੀ ਬੱਚੇ ਨੂੰ ਕੋਈ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਲੋੜ ਨਹੀਂ ਹੋਵੇਗੀ;
   (4) ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ, ਨੂੰ ਨਿਯਮ 25 ਦਿੱਤੇ ਅਨੁਸਾਰ ਪ੍ਰਮਾਣਪੱਤਰ ਦਿੱਤਾ ਜਾਵੇਗਾ;
   (5) ਐਕਟ ਦੇ ਉਪਬੰਧਾਂ ਅਨੁਸਾਰ ਵਿਸ਼ੇਸ਼ ਜਰੂਰਤਾਂ ਵਾਲੇ ਵਿਦਿਆਰਥੀਆਂ ਦੀ ਸਮੂਲਿਅਤ ;
   (6) ਅਧਿਆਪਕਾਂ ਲਈ ਇਹ ਜ਼ਰੂਰੀ ਹੈ ਕਿ ਉਹ ਧਾਰ੍ਹਾ 23(1) ਅਧੀਨ ਦਿੱਤੀਆਂ ਘੱਟੋ-ਘੱਟ ਵਿੱਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ । ਪਰੰਤੂ ਅੱਗੇ ਸ਼ਰਤ ਇਹ ਹੈ ਕਿ ਮੌਜੂਦਾ ਅਧਿਆਪਕ ਜੋ ਇਸ ਐਕਟ ਤੇ ਲਾਗੂ ਹੋਣ ਸਮੇਂ ਘੱਟੋ-ਘੱਟ ਵਿੱਦਿਅਕ ਯੋਗਤਾਵਾਂ ਪ੍ਰਾਪਤ ਕਰਨਗੇ; ।
   (7) ਅਧਿਆਪਕ ਐਕਟ ਦੀ ਧਾਰ੍ਹਾ 24(1)ਅਧੀਨ ਦਰਸਾਈਆਂ ਜਿੰਮੇਵਾਰੀਆ ਪੂਰੀਆਂ ਕਰਦੇ ਹਨ;
   (8) ਅਧਿਆਪਕ ਆਪਣੇ ਆਪ ਨੂੰ ਪ੍ਰਾਈਵੇਟ ਟਿਊਸ਼ਨਾ ਵਿੱਚ ਮਸ਼ਰੂਫ ਨਹੀਂ ਰੱਖਣਗੇ।
7. ਸਕੂਲ ਪੜ੍ਹਾਈ ਦੇ ਵਿਸ਼ਿਆ ਦੇ ਆਧਾਰ ਤੇ ਉਚਿਤ ਅਥਾਰਟੀ ਦੁਆਰਾ ਨਿਰਧਾਰਤ ਕੀਤੇ ਸਿਲੇਬਸ ਦੀ ਪੈਰਵੀ ਕਰਨਗੇ।
8. ਸਕੂਲ ਦੇ ਇਸੇ ਨਾਂ ਤੇ ਸਕੂਲ ਦੀ ਇਮਾਰਤ ਅੰਦਰ ਜਾਂ ਇਸ ਦੇ ਬਾਹਰ ਕੋਈ ਵੀ ਗੈਰ ਮਾਨਤਾ ਪ੍ਰਾਪਤ ਜਮਾਤ ਨਹੀਂ ਚਲਾਈ ਜਾਵੇਗੀ।
9. ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜਾਈ ਅਤੇ ਯੋਗਤਾ ਵਿਕਾਸ ਲਈ ਹੀ ਵਰਤੇ ਜਾਣ ਗੇ।
10. ਸਕੂਲ ਸੁਸਾਇਟੀ ਰਜਿਸਟਰੇਸ਼ਨ ਐਕਟ,1860(1860 ਦਾ 21) ਅਧੀਨ ਰਜਿਸਟਰ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ ਸਮੇਂ ਦੇ ਲਾਗੂ ਕਿਸੇ ਕਾਨੂੰਨ ਅਧੀਨ ਸਿਰਜੇ ਗਏ ਟੱਰਸਟ ਦੁਆਰਾ ਚਲਾਇਆ ਜਾ ਰਿਹਾ ਹੈ।
11. ਸਕੂਲ ਕਿਸੇ ਨਿੱਜੀ ਸਮੂਹ ਜਾਂ ਵਿਅਕਤੀਆਂ ਦੇ ਸਮੂਹਾਂ ਜਾਂ ਕਿਸੇ ਹੋਰ ਵਿਅਕਤੀ ਦੇ ਲਾਭ ਲਈ ਨਹੀਂ ਚਲਾਇਆ ਜਾ ਰਿਹਾ।
12. ਲੇਖੇ ਕਿਸੇ ਪ੍ਰਮਾਣਿਤ ਚਾਰਟਿਡ ਲੇਖਾਕਾਰ ਦੁਆਰਾ ਆਡਿਟ ਕੀਤਾ ਜਾਣਾ ਚਾਹਿਦਾ ਹੈ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀ ਸਟੇਟਮੈਂਟ ਤਿਆਰ ਕੀਤੀ ਜਾਵੇਗੀ।ਹਰ ਲੇਖਾ ਸਾਰ੍ਹਣੀ ਦੀ ਇੱਕ ਕਾਪੀ ਹਰ ਸਾਲ ਜ਼ਿਲ੍ਹਾ ਸਿੱਖਿਆ ਅਧਿਕਾਰੀ(ਐ.ਸਿ.) ਨੂੰ ਭੇਜੀ ਜਾਵੇਗੀ।
13. ਆਪ ਦੇ ਸਕੂਲ ਦਾ ਮਾਨਤਾ ਪ੍ਰਾਪਤ ਕੋਡ ਨੰ <u>**RTE-125**</u>ਹੈ।ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਇਸ ਦਫਤਰ ਨਾਲ ਪੱਤਰ ਵਿਹਾਰ ਕਰਦੇ ਸਮੇਂ ਇਹ ਦਰਜ਼ ਕੀਤਾ ਜਾਵੇ।
14. ਸਕੂਲ ਜ਼ਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਸਮੇਂ ਸਮੇਂ ਸਿਰ ਮੰਗੀ ਗਈ ਸੂਚਨਾ ਪੇਸ਼ ਕਰੇਗਾ ਅਤੇ ਉਚਿਤ ਅਥਾਰਟੀ ਜਾਂ ਜ਼ਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਹਦਾਇਤਾਂ ਜੋ ਮਾਨਤਾ ਪ੍ਰਾਪਤੀ ਦੀਆਂ ਸ਼ਰਤਾਂ ਪੂਰੀਆਂ ਕਰਨ ਜਾਂ ਸਕੂਲਾਂ ਦੇ ਕੰਮ ਕਾਜ ਵਿੱਚ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਕੀਤੀਆਂ ਜਾਣਗੀਆਂ ਦੀ ਪਾਲਣਾ ਕਰੇਗਾ।
15. ਸੰਸਥਾ ਦੀ ਰਜਿਸਟਰੇਸ਼ਨ ਦਾ ਨਵੀਨੀਕਰਨ ਜੇਕਰ ਕੋਈ ਜ਼ਰੂਰੀ ਹੋਵੇ, ਕਰਵਾਉਣਾ ਯਕੀਨੀ ਬਣਾਇਆ ਜਾਵੇ।
16. ਸਕੂਲ ਐਕਟ ਦੀ ਧਾਰ੍ਹਾ 19 ਵਿੱਚ ਨਿਰਧਾਰਤ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ।

ਜ਼ਿਲ੍ਹਾ ਸਿੱਖਿਆ ਅਫਸਰ(ਐ.ਸਿ.)
ਹੁਸ਼ਿਆਰਪੁਰ ।

Manager
S.M.C.
Jagat Jyoti Public School
Usman Shahid (Pb.)

Principal
Jagat Jyoti Public School
Usman Shahid (Hoshiarpur)
ID-1630950